**ਬਿਲਾਵਲੁ ॥ ਡੰਡਾ ਮੁੰਦ੍ਰਾ ਖਿੰਥਾ ਆਧਾਰੀ ॥ ਭ੍ਰਮ ਕੈ ਭਾਇ ਭਵੈ ਭੇਖਧਾਰੀ ॥੧॥ ਆਸਨੁ ਪਵਨ ਦੂਰਿ ਕਰਿ ਬਵਰੇ ॥ ਛੋਡਿ ਕਪਟੁ ਨਿਤ ਹਰਿ ਭਜੁ ਬਵਰੇ ॥ ੧॥ ਰਹਾਉ ॥ ਜਿਹ ਤੂ ਜਾਚਹਿ ਸੋ ਤ੍ਰਿਭਵਨ ਭੋਗੀ ॥ ਕਹਿ ਕਬੀਰ ਕੇਸੌ ਜਗਿ ਜੋਗੀ ॥੨॥੮॥** {ਪੰਨਾ 856-857}

ਪਦਅਰਥ:- ਖਿੰਥਾ—ਗੋਦੜੀ, ਖ਼ਫ਼ਨੀ। ਆਧਾਰੀ—ਝੋਲੀ ਜਿਸ ਵਿਚ ਜੋਗੀ ਭਿੱਛਿਆ ਮੰਗ ਕੇ ਪਾ ਲੈਂਦਾ ਹੈ। ਭਾਇ—ਭਾਵਨਾ ਵਿਚ, ਅਨੁਸਾਰ। ਭ੍ਰਮ ਕੈ ਭਾਇ—ਭਰਮ ਦੇ ਆਸਰੇ, ਭਰਮ ਦੇ ਅਧੀਨ ਹੋ ਕੇ, ਭਟਕਣਾ ਵਿਚ ਪੈ ਕੇ। ਭਵੈ—ਭਵੈਂ, ਤੂੰ ਭੌਂ ਰਿਹਾ ਹੈਂ। ਭੇਖ ਧਾਰੀ—ਧਰਮੀਆਂ ਵਾਲਾ ਪਹਿਰਾਵਾ ਪਾ ਕੇ।1।

ਆਸਨੁ—ਜੋਗ-ਅੱਭਿਆਸ ਦੇ ਆਸਣ। ਪਵਨ—ਪ੍ਰਾਣਾਯਾਮ। ਬਵਰੇ—ਹੇ ਕਮਲੇ ਜੋਗੀ! ਕਪਟੁ—ਠੱਗੀ, ਪਖੰਡ।1। ਰਹਾਉ।

ਜਿਹ—ਜੋ ਕੁਝ, ਜਿਸ (ਮਾਇਆ) ਨੂੰ। ਜਾਚਹਿ—ਤੂੰ ਮੰਗਦਾ ਹੈਂ। ਤ੍ਰਿਭਵਣ—ਤਿੰਨਾਂ ਭਵਨਾਂ ਦੇ ਜੀਵਾਂ ਨੇ, ਸਾਰੇ ਜਗਤ ਦੇ ਜੀਵਾਂ ਨੇ। ਕੇਸੌ—ਪਰਮਾਤਮਾ (ਦਾ ਨਾਮ ਹੀ ਮੰਗਣ-ਜੋਗ ਹੈ)। ਜੋਗੀ—ਹੇ ਜੋਗੀ!।2।

ਨੋਟ:- ਇਸ ਸ਼ਬਦ ਦੀ 'ਰਹਾਉ' ਦੀ ਤੁਕ ਵਿਚ ਕਬੀਰ ਜੀ ਖੁਲ੍ਹੇ ਲਫ਼ਜ਼ਾਂ ਵਿਚ ਜੋਗ-ਅੱਭਿਆਸ ਤੇ ਪ੍ਰਾਣਯਾਮ ਨੂੰ ਕਪਟ ਕਹਿ ਰਹੇ ਹਨ, ਤੇ ਕਿਸੇ ਜੋਗੀ ਨੂੰ ਸਮਝਾਉਂਦੇ ਹਨ ਕਿ ਇਹ ਕੁਰਾਹ ਛੱਡ ਦੇਹ। ਇਹ ਮਾਇਆ ਦੀ ਖ਼ਾਤਰ ਹੀ ਇਕ ਡਿੰਭ ਹੈ। ਜੋਗ-ਅੱਭਿਆਸੀ ਪ੍ਰਾਣਾਯਾਮ ਬਾਬਤ ਕਬੀਰ ਜੀ ਦੇ ਆਪਣੇ ਇਹ ਸਾਫ਼ ਖ਼ਿਆਲ ਛੱਡ ਕੇ ਹੋਰ ਸੁਆਰਥੀ ਲੋਕਾਂ ਦੀਆਂ ਘੜੀਆਂ ਕਹਾਣੀਆਂ ਤੇ ਵਿਛ ਕੇ ਕਬੀਰ ਜੀ ਨੂੰ ਜੋਗ-ਅੱਭਿਆਸੀ ਮਿੱਥ ਲੈਣਾ ਭਾਰੀ ਭੁੱਲ ਹੈ।

ਅਰਥ:- ਹੇ ਝੱਲੇ ਜੋਗੀ! ਜੋਗ-ਅੱਭਿਆਸ ਤੇ ਪ੍ਰਾਣਾਯਾਮ ਨੂੰ ਤਿਆਗ। ਇਸ ਪਖੰਡ ਨੂੰ ਛੱਡ, ਤੇ ਸਦਾ ਪ੍ਰਭੂ ਦੀ ਬੰਦਗੀ ਕਰ।1। ਰਹਾਉ।

ਨੋਟ:- ਜੋਗ-ਅੱਭਿਆਸ, ਪ੍ਰਾਣਾਯਾਮ ਛੱਡ ਕੇ ਪ੍ਰਭੂ-ਸਿਮਰਨ ਦਾ ਉਪਦੇਸ਼ ਕਰਨ ਤੋਂ ਇਕ ਗੱਲ ਸਾਫ਼ ਪ੍ਰਤੱਖ ਹੈ ਕਿ ਕਬੀਰ ਜੀ ਭਗਤੀ ਵਾਸਤੇ ਇਹਨਾਂ ਦੀ ਕੋਈ ਲੋੜ ਨਹੀਂ ਸਮਝਦੇ।

ਹੇ ਜੋਗੀ! ਤੂੰ ਭਟਕਣਾ ਵਿਚ ਪੈ ਕੇ, ਡੰਡਾ, ਮੁੰਦ੍ਰਾ, ਖ਼ਫ਼ਨੀ ਤੇ ਝੋਲੀ ਆਦਿਕ ਦਾ ਧਾਰਮਿਕ ਬਾਣਾ ਪਾ ਕੇ, ਕੁਰਾਹੇ ਪੈ ਗਿਆ ਹੈਂ।1।

(ਜੋਗ-ਅੱਭਿਆਸ ਤੇ ਪ੍ਰਾਣਾਯਾਮ ਦੇ ਨਾਟਕ-ਚੇਟਕ ਵਿਖਾ ਕੇ) ਜਿਹੜੀ ਮਾਇਆ ਤੂੰ ਮੰਗਦਾ ਫਿਰਦਾ ਹੈਂ, ਉਸ ਨੂੰ ਤਾਂ ਸਾਰੇ ਜਗਤ ਦੇ ਜੀਵ ਭੋਗ ਰਹੇ ਹਨ। ਕਬੀਰ ਆਖਦਾ ਹੈ—ਹੇ ਜੋਗੀ! ਜਗਤ ਵਿਚ ਮੰਗਣ-ਜੋਗ ਇਕ ਪ੍ਰਭੂ ਦਾ ਨਾਮ ਹੀ ਹੈ।2।8।

ਸ਼ਬਦ ਦਾ ਭਾਵ:- ਪ੍ਰਭੂ ਦਾ ਨਾਮ ਹੀ ਮਨੁੱਖਾ ਜਨਮ ਦਾ ਮਨੋਰਥ ਹੈ। ਨਾਮ ਸਿਮਰਨ ਵਾਸਤੇ ਜੋਗੀਆਂ ਦੇ ਆਸਣਾਂ ਅਤੇ ਪ੍ਰਾਣਾਯਾਮ ਦੀ ਕੋਈ ਲੋੜ ਨਹੀਂ ਹੈ।